# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 17-05-2025**

- ਸਰਕਾਰ ਆਪ੍ਰੇਸ਼ਨ ਸਿੰਦੂਰ ਦੇ ਮੱਦੇਨਜ਼ਰ, ਪਾਕਿਸਤਾਨ ਦੀ ਹਿਮਾਇਤ ਵਾਲੀ ਦਹਿਸ਼ਤਗਰਦੀ ਖਿਲਾਫ ਭਾਰਤ ਦੇ ਰੁਖ਼ ਨੂੰ ਪੇਸ਼ ਕਰਨ ਲਈ, ਵੱਖ-ਵੱਖ ਦੇਸ਼ਾਂ ਵਿੱਚ ਬਹੁ-ਪਾਰਟੀ ਵਫ਼ਦ ਭੇਜ ਰਹੀ ਏ।
- ਹਰਿਆਣਾ ਪੁਲਿਸ ਨੇ ਹਿਸਾਰ ਦੀ ਇੱਕ ਯੂਟਿਊਬਰ ਜੋਤੀ ਰਾਣੀ ਨੂੰ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਵਿੱਚ ਕੀਤਾ ਗ੍ਰਿਫ਼ਤਾਰ ।
- ਪਟਿਆਲਾ ਤੋਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਅਤੇ ਪੰਜਾਬ BJP ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਨੇ, ਪਟਿਆਲਾ ਖੇਤਰ ਵਿੱਚ ਮੁੱਖ ਸੜਕਾਂ ਦੇ ਨਵੀਨੀਕਰਨ ਅਤੇ

ਰਾਜ-ਮਾਰਗ ਦਾ ਦਰਜਾ ਦੇਣ ਬਾਰੇ ਅੱਜ ਕੇਂਦਰੀ ਮੰਤਰੀ ਨਿਤਿਨ ਗਡਕਾਰੀ ਨਾਲ ਮੁਲਾਕਾਤ ਕੀਤੀ।

- ਅੱਜ ਦੁਨੀਆ ਭਰ ਵਿੱਚ ਵਿਸ਼ਵ ਹਾਈਪਰ-ਟੈਨਸ਼ਨ ਦਿਵਸ ਮਨਾਇਆ ਜਾ ਰਿਹਾ ਏ।
- ਅੰਮ੍ਰਿਤਸਰ ਕਮਿਸ਼ਨਰਰੇਟ ਪੁਲਿਸ ਨੇ, ਦੋ ਵੱਖ-ਵੱਖ ਮਾਮਲਿਆਂ ਵਿੱਚ ਤਿੰਨ ਨਸ਼ਾ ਤਸਕਰਾਂ ਨੂੰ ਇਕ ਕਿਲੋਗ੍ਰਾਮ ਹੈਰੋਇਨ, 45 ਲੱਖ 19 ਹਜਾਰ ਰੁਪਏ ਦੀ ਡਰੱਗ ਮਨੀ, ਇੱਕ ਡਰੋਨ ਅਤੇ ਇੱਕ ਪੈਸੇ ਗਿਣਨ ਵਾਲੀ ਮਸ਼ੀਨ ਸਮੇਤ ਕਾਬੂ ਕੀਤਾ ਏ।
- ਇੱਕ ਹਫ਼ਤੇ ਤੋਂ ਬਾਅਦ ਅੱਜ ਤੋਂ ਫਿਰ ਸ਼ੁਰੂ ਹੋਣ ਜਾ ਰਹੇ IPL ਕ੍ਰਿਕਟ ਵਿਚ ਅੱਜ ਰਾਇਲ ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ।

-------------------------------------------

ਸਰਕਾਰ ਆਪ੍ਰੇਸ਼ਨ ਸਿੰਦੂਰ ਦੇ ਮੱਦੇਨਜ਼ਰ ਪਾਕਿਸਤਾਨ ਦੀ ਹਿਮਾਇਤ ਵਾਲੀ ਦਹਿਸ਼ਤਗਰਦੀ ਖਿਲਾਫ ਭਾਰਤ ਦੇ ਰੁਖ਼ ਨੂੰ ਪੇਸ਼ ਕਰਨ ਲਈ ਵੱਖ-ਵੱਖ ਦੇਸ਼ਾਂ ਵਿੱਚ ਬਹੁ-ਪਾਰਟੀ ਵਫ਼ਦ ਭੇਜ ਰਹੀ ਏ। ਸੱਤ ਸਰਬ-

ਪਾਰਟੀ ਵਫ਼ਦ ਇਸ ਮਹੀਨੇ ਦੇ ਅਖੀਰ ਵਿੱਚ, ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮੈਂਬਰਾਂ ਸਮੇਤ ਮੁੱਖ ਭਾਈਵਾਲ ਦੇਸ਼ਾਂ ਦਾ ਦੌਰਾ ਕਰਨ ਲਈ ਤਿਆਰ ਨੇ। ਇਹ ਵਫ਼ਦ ਭਾਰਤ ਦੀ ਰਾਸ਼ਟਰੀ ਸਹਿਮਤੀ ਅਤੇ ਸਾਰੇ ਰੂਪਾਂ ਅਤੇ ਪ੍ਰਗਟਾਵਿਆਂ ਵਿੱਚ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ ਲਈ ਦ੍ਰਿੜ ਪਹੁੰਚ ਨੂੰ ਪੇਸ਼ ਕਰਨਗੇ। ਉਹ ਦੁਨੀਆ ਨੂੰ ਦਹਿਸ਼ਤਗਰਦੀ ਵਿਰੁੱਧ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਦੇ ਭਾਰਤ ਦੇ ਸਖ਼ਤ ਸੰਦੇਸ਼ ਨੂੰ ਅੱਗੇ ਵਧਾਉਣਗੇ। ਵਫ਼ਦਾਂ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਸੰਸਦ ਮੈਂਬਰ, ਪ੍ਰਮੁੱਖ ਰਾਜਨੀਤਿਕ ਸ਼ਖਸੀਅਤਾਂ ਅਤੇ ਪ੍ਰਸਿੱਧ ਕੂਟਨੀਤੀਵਾਨ ਸ਼ਾਮਲ ਨੇ। ਇਸਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਕਿ ਸੱਤ ਸਰਬ-ਪਾਰਟੀ ਵਫ਼ਦ ਭਾਰਤ ਦੇ ਦਹਿਸ਼ਤਗਰਦੀ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਦੇ ਸਾਂਝੇ ਸੰਦੇਸ਼ ਨੂੰ ਲੈ ਕੇ ਜਾਣਗੇ, ਜੋ ਕਿ ਮਤਭੇਦਾਂ ਤੋਂ ਪਰੇ ਰਾਜਨੀਤੀ ਤੋਂ ਉੱਪਰ ਰਾਸ਼ਟਰੀ ਏਕਤਾ ਦੇ ਸ਼ਕਤੀਸ਼ਾਲੀ ਪ੍ਰਤੀਬਿੰਬ ਵਜੋਂ ਖੜ੍ਹੇ ਹੋਣਗੇ।

---------------------------------------------------------------

ਇਹ ਪਹਿਲ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਸੋਚ ਨੂੰ ਦਰਸਾਉਂਦੀ ਏ। ਉਨ੍ਹਾਂ ਕਿਹਾ ਕਿ ਭਾਰਤ ਦਾ ਸਮੂਹਿਕ ਸੰਕਲਪ ਦੁਨੀਆ ਲਈ ਦਹਿਸ਼ਤਗਰਦੀ ਖਿਲਾਫ ਇੱਕਜੁੱਟ ਰਹਿਣ ਦੀ ਮਹੱਤਤਾ ਨੂੰ ਉਜਾਗਰ ਕਰੇਗਾ।

---------------------------------------------------------------

ਹਰਿਆਣਾ ਪੁਲਿਸ ਨੇ ਹਿਸਾਰ ਦੀ ਇੱਕ ਯੂਟਿਊਬਰ ਜੋਤੀ ਰਾਣੀ ਨੂੰ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ। ਜੋਤੀ ਖਿਲਾਫ ਹਿਸਾਰ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਏ। ਉਸਨੂੰ ਅਦਾਲਤ ਵਿੱਚ ਪੇਸ਼ ਕਰਕੇ ਪੰਜ ਦਿਨਾਂ ਦੇ ਰਿਮਾਂਡ 'ਤੇ ਲਿਆ ਗਿਆ ਏ। ਹਿਸਾਰ ਦੇ DSP ਕਮਲਜੀਤ ਨੇ ਕਿਹਾ ਕਿ ਜੋਤੀ ਪਾਕਿਸਤਾਨ ਦੀਆਂ ਖੁਫੀਆ ਏਜੰਸੀਆਂ ਦੇ ਸੰਪਰਕ ਵਿੱਚ ਸੀ ਅਤੇ ਸੋਸ਼ਲ ਮੀਡੀਆ ਰਾਹੀਂ ਖੁਫੀਆ ਜਾਣਕਾਰੀ ਭੇਜ ਰਹੀ ਸੀ। ਉਨ੍ਹਾਂ ਕਿਹਾ ਕਿ ਜੋਤੀ, ਚਾਰ ਵਾਰ ਪਾਕਿਸਤਾਨ ਜਾ ਚੁੱਕੀ ਏ, ਜਿਸ ਕਾਰਨ ਭਾਰਤ ਦੀਆਂ ਸੁਰੱਖਿਆ

ਏਜੰਸੀਆਂ ਉਸ 'ਤੇ ਨਜ਼ਰ ਰੱਖ ਰਹੀਆਂ ਸਨ। ਹਰਿਆਣਾ ਪੁਲਿਸ ਨੇ ਕੈਥਲ ਦੇ ਮਸਤਗੜ੍ਹ ਪਿੰਡ ਤੋਂ 25 ਸਾਲ ਦੇ ਇੱਕ ਨੌਜਵਾਨ ਦੇਵੇਂਦਰ ਸਿੰਘ ਨੂੰ ਵੀ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ.ਐਸ.ਆਈ ਲਈ ਜਾਸੂਸੀ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ। ਕੈਥਲ ਦੀ SP ਆਸਥਾ ਮੋਦੀ ਨੇ ਕਿਹਾ ਕਿ ਦੇਵੇਂਦਰ ਸਿੰਘ ਨੇ ਆਪ੍ਰੇਸ਼ਨ 'ਸਿੰਦੂਰ' ਸਮੇਤ ਭਾਰਤੀ ਫੌਜ ਨਾਲ ਸਬੰਧਤ ਗੁਪਤ ਜਾਣਕਾਰੀ ਪਾਕਿਸਤਾਨ ਭੇਜੀ ਸੀ। ਐਸ.ਪੀ ਨੇ ਕਿਹਾ ਕਿ ਨੌਜਵਾਨ ਨੂੰ ਪਹਿਲੀ ਵਾਰ 13 ਮਈ ਨੂੰ ਫੇਸਬੁੱਕ 'ਤੇ ਗੈਰ-ਕਾਨੂੰਨੀ ਹਥਿਆਰਾਂ ਨਾਲ ਸਬੰਧਤ ਇੱਕ ਪੋਸਟ ਕਾਰਨ ਹਿਰਾਸਤ ਵਿੱਚ ਲਿਆ ਗਿਆ ਸੀ। ਉਨ੍ਹਾਂ ਕਿਹਾ ਕਿ ਪੁੱਛਗਿੱਛ ਦੌਰਾਨ ਉਸਨੇ ਕਈ ਹੈਰਾਨ ਕਰਨ ਵਾਲੇ ਖੁਲਾਸੇ ਕੀਤੇ ਨੇ।

-----------------------------------------------------------

ਸੇਵਾਮੁਕਤ ਸੀਨੀਅਰ ਲੈਫਟੀਨੈਂਟ ਜਨਰਲ ਕੰਵਲ ਜੀਤ ਸਿੰਘ ਢਿੱਲੋਂ ਨੇ 'ਆਪ੍ਰੇਸ਼ਨ ਸਿੰਦੂਰ' ਲਈ ਹਥਿਆਰਬੰਦ ਬਲਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਾਡੀਆਂ ਫੌਜਾਂ ਨੇ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ ਏ।

ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਲੈਫਟੀਨੈਂਟ ਜਨਰਲ ਢਿੱਲੋਂ ਨਾਲ ਗੱਲਬਾਤ ਕੀਤੀ।

**ਇੱਕ ਰਿਪੋਰਟ** :

---------------------------------------------------------

ਆਪੇਰੇਸ਼ਨ ਸਿੰਦੂਰ ਦੀ ਸਫਲਤਾ ਨੂੰ ਲੈ ਕੇ ਅੱਜ ਮਲੋਟ ਵਿਚ ਬੀਜੇਪੀ ਵਰਕਰਾਂ ਵਲੋਂ ਇਕ ਤਿਰੰਗਾ ਯਾਤਰਾ ਕੱਢੀ ਗਈ। ਇਸ ਮੌਕੇ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਸੁਰਜੀਤ ਕੁਮਾਰ ਜਿਆਣੀ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਫੌਜੀ ਜਵਾਨਾਂ ਦੀ ਬਹਾਦਰੀ ਦੀ ਪ੍ਰਸੰਸਾ ਵੀ ਕੀਤੀ। ਇਹ ਤਿਰੰਗਾ ਯਾਤਰਾ ਮਲੋਟ ਦੇ ਗਾਂਧੀ ਬਜਾਰ ਤੋਂ ਸ਼ੁਰੂ ਹੋ ਕੇ ਪੂਰੇ ਬਜਾਰਾ ਵਿਚੋਂ ਲੰਘੀ। ਓਧਰ ਤਰਨਤਾਰਨ ਜਿਲ੍ਹੇ 'ਚ ਵੀ ਅੱਜ ਸ਼ਾਮ ਤਹਿਸੀਲ ਬਾਜ਼ਾਰ ਤੋਂ ਇਕ ਤਿਰੰਗਾ ਯਾਤਰਾ ਕੱਢੀ ਗਈ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਜ਼ਿਲੇ ਦੇ ਵੱਖ-ਵੱਖ ਬਲਾਕਾ ਤੋਂ ਆਏ BJP ਵਰਕਰਾਂ ਅਤੇ ਸ਼ਹਿਰ ਨਿਵਾਸੀਆਂ ਨੇ ਹਿੱਸਾ ਲਿਆ ।

---------------------------------------------------------

ਪਟਿਆਲਾ ਤੋਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਅਤੇ ਪੰਜਾਬ BJP ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਨੇ, ਪਟਿਆਲਾ ਖੇਤਰ ਵਿੱਚ ਮੁੱਖ ਸੜਕਾਂ ਦੇ ਨਵੀਨੀਕਰਨ ਅਤੇ ਰਾਜ ਮਾਰਗ ਦਾ ਦਰਜਾ ਦੇਣ ਬਾਰੇ ਅੱਜ ਕੇਂਦਰੀ ਸੜਕ ਅਤੇ ਰਾਜ-ਮਾਰਗ ਮੰਤਰੀ ਨਿਤਿਨ ਗਡਕਾਰੀ ਨਾਲ ਮੁਲਾਕਾਤ ਕੀਤੀ। ਸ੍ਰੀਮਤੀ ਪ੍ਰਨੀਤ ਕੌਰ ਨੇ ਦਸਿਆ ਕਿ ਮੁੱਖ ਤੌਰ 'ਤੇ ਜ਼ਿਲੇ ਵਿੱਚ ਮੁੱਖ ਸੜਕਾਂ ਦਾ ਤੁਰੰਤ ਨਵੀਨੀਕਰਨ ਅਤੇ ਪਟਿਆਲਾ-ਪਿਹੋਵਾ ਸੜਕ ਨੂੰ ਚਾਰ-ਮਾਰਗੀ ਕੌਮੀ ਸ਼ਾਹਰਾਹ ਦਾ ਦਰਜਾ ਦੇਣ ਅਤੇ ਪਟਿਆਲਾ-ਪਾਤੜਾਂ ਸੜਕ ਨੂੰ ਚੌੜਾ ਕਰਨ ਬਾਰੇ ਕੇਂਦਰੀ ਮੰਤਰੀ ਨਾਲ ਗੱਲਬਾਤ ਕੀਤੀ ਗਈ। ਉਨ੍ਹਾਂ ਕਿਹਾ ਕਿ ਪਟਿਆਲਾ-ਪਿਹੋਵਾ-ਕੁਰਕਸ਼ੇਤਰ ਸੜਕ, ਇੱਕ ਮੁੱਖ ਆਰਥਿਕ ਅਤੇ ਸਫ਼ਰ  ਲਈ ਪੁਰਾਣਾ ਮਾਰਗ ਏ ਜੋ ਪੰਜਾਬ ਨੂੰ ਹਰਿਆਣਾ ਅਤੇ ਬਾਕੀ ਪਿੰਡਾਂ ਨਾਲ ਜੋੜਦਾ ਏ। ਇਸਨੂੰ ਰਾਸ਼ਟਰੀ ਮਾਰਗ ਬਣਾਉਣਾ ਵਾਹਨ ਦੇ ਆਵਾਜਾਈ ਲਈ ਹੋਰ ਸੁਖਾਲਾ ਬਣਾਏਗਾ ਅਤੇ ਸਥਾਨਕ ਵਪਾਰ ਨੂੰ ਵਧਾਏਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਕਿਹਾ ਕਿ ਪਟਿਆਲਾ ਖੇਤਰ ਦੇ ਪਟਿਆਲਾ-ਪਾਤੜਾਂ ਸੜਕ ਨੂੰ ਚੌੜਾ ਕੀਤਾ ਜਾਵੇ, ਤਾਂ ਜੋ ਦਿਨ ਪ੍ਰਤੀ

ਦਿਨ ਵੱਧ ਰਹੇ ਸੜਕ ਹਾਦਸਿਆ ਨੂੰ ਰੋਕਿਆ ਜਾ ਸਕੇ। ਸਾਬਕਾ ਸੰਸਦ ਮੈਂਬਰ ਨੇ ਕਿਹਾ ਕਿ ਉਹ ਪਹਿਲਾਂ ਹੀ ਪੰਜਾਬ ਸਰਕਾਰ ਦੇ ਅਧਿਕਾਰੀਆਂ ਨਾਲ ਇਸ ਬਾਰੇ ਗੱਲਬਾਤ ਕਰ ਚੁੱਕੇ ਨੇ । ਉਨ੍ਹਾਂ ਜਾਣਕਾਰੀ ਦਿੱਤੀ ਕਿ ਸੜਕਾਂ ਦੇ ਵਿਕਾਸ ਲਈ, ਲੋੜੀਂਦੀ ਜ਼ਮੀਨ ਦੀ ਪਹਿਚਾਣ ਹੋ ਚੁੱਕੀ ਏ । ਇਸ ਤੋਂ ਇਲਾਵਾ, ਪਟਿਆਲਾ-ਪਾਤੜਾਂ ਰਾਹ 'ਤੇ ਵਿਦਿਊਤ ਕਾਲਮਾਂ ਦੀ ਮੁੜ ਸਥਾਪਨ ਲਈ ਇੱਕ ਖਾਸ ਬਜਟ ਦੀ ਤਜਵੀਜ਼ ਵੀ ਪਾਸ ਹੋ ਗਈ ਸੀ । ਮੰਤਰੀ ਨਿਤਿਨ ਗਡਕਾਰੀ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਭਰੋਸਾ ਦਿੱਤਾ ਕਿ ਦੋਹਾਂ ਤਜ਼ਵੀਜਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ।

---------------------------------------------------

ਅੱਜ ਦੁਨੀਆ ਭਰ ਵਿੱਚ ਵਿਸ਼ਵ ਹਾਈਪਰਟੈਨਸ਼ਨ ਦਿਵਸ ਮਨਾਇਆ ਜਾ ਰਿਹਾ ਏ । ਇਸ ਦਿਨ ਦਾ ਉਦੇਸ਼ ਹਾਈ ਬਲੱਡ ਪ੍ਰੈਸ਼ਰ ਨਾਲ ਜੁੜੇ ਜੋਖਮਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇਸਦੀ ਰੋਕਥਾਮ ਅਤੇ ਪ੍ਰਬੰਧਨ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਨੂੰ ਉਤਸ਼ਾਹਿਤ ਕਰਨਾ ਏ ।

***ਹੋਰ ਵੇਰਵੇ ਨਾਲ ਇਕ ਰਿਪੋਰਟ : ਵਿਸ਼ਵ ਹਾਈਪਰਟੈਨਸ਼ਨ ਦਿਵਸ ਦੀ ਸ਼ੁਰੂਆਤ ਸਾਲ 2005 ਵਿੱਚ, ਇੱਕ ਗੈਰ-ਸਰਕਾਰੀ ਸੰਸਥਾ ,ਵਰਲਡ ਹਾਈਪਰ-ਟੈਨਸ਼ਨ ਲੀਗ ਵਲੋਂ ਕੀਤੀ ਗਈ ਸੀ।ਇਸ ਸਾਲ ਦਾ ਮੁੱਖ ਵਿਸ਼ਾ -"ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸਨੂੰ ਕੰਟਰੋਲ ਕਰੋ, ਲੰਬੇ ਸਮੇਂ ਤੱਕ ਜੀਓ"- ਰੱਖਿਆ ਗਿਆ ਏ।ਆਕਾਸ਼ਵਾਣੀ ਖਬਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ, ਮੋਹਾਲੀ ਤੋਂ ਡਾਕਟਰ ਚੰਦਰਦੀਪ ਵਰਮਾ ਦਾ ਆਖਣਾ ਏ ਕਿ ਹਾਈਪਰਟੈਨਸ਼ਨ ਨੂੰ ਸਿਹਤਮੰਦ ਜੀਵਨ ਸ਼ੈਲੀ ਦੀ ਪਾਲਣਾ ਅਤੇ ਖ਼ੁਰਾਕ ਵਿੱਚ ਬਦਲਾਅ ਕਰਕੇ ਰੋਕਿਆ ਜਾ ਸਕਦਾ ਏ।BYTEਸਿਹਤ ਵਿਭਾਗ ਵਲੋਂ ਵੀ ਲੋਕਾਂ ਨੂੰ ਇਸ ਬਾਰੇ ਜਾਗਰੂਕ ਕਰਨ ਲਈ ਉਪਰਾਲੇ ਕੀਤੇ ਜਾਂਦੇ ਨੇ । ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਦੇ ਨਾਲ ਮੈਂ ਕਾਜਲ।***

---------------------------------------------------------

ਅੰਮ੍ਰਿਤਸਰ ਕਮਿਸ਼ਨਰਰੇਟ ਪੁਲਿਸ ਨੇ, ਦੋ ਵੱਖ-ਵੱਖ ਮਾਮਲਿਆਂ ਵਿੱਚ ਤਿੰਨ ਨਸ਼ਾ ਤਸਕਰਾਂ ਨੂੰ ਇਕ ਕਿਲੋਗ੍ਰਾਮ ਹੈਰੋਇਨ, 45 ਲੱਖ 19 ਹਜਾਰ

ਰੁਪਏ ਦੀ ਡਰੱਗ ਮਨੀ, ਇੱਕ ਡਰੋਨ ਅਤੇ ਇੱਕ ਪੈਸੇ ਗਿਣਨ ਵਾਲੀ ਮਸ਼ੀਨ ਸਮੇਤ ਕਾਬੂ ਕੀਤਾ ਏ । ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈਸ ਕਾਨਫਰੰਸ ਕਰਦਿਆਂ ਵੇਰਵੇ ਸਾਂਝੇ ਕੀਤੇ ਉਨ੍ਹਾਂ ਕਿਹਾ ਕਿ ਇਸ ਸਾਰੇ ਪਾਕਿਸਤਾਨ ਤੋਂ ਵੱਡੀਆਂ ਖੇਪਾਂ ਮੰਗਵਾਉਣ ਦਾ ਕੰਮ ਕਰਦੇ ਸਨ। ਪੁਲਿਸ ਇਹਨਾਂ ਮਾਮਲਿਆਂ ਦੀ ਜਾਂਚ ਕਰ ਰਹੀ ਏ।

---

ਮੁਹਾਲੀ ਦੇ ਘੜੂੰਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਨੇ ਤੁਰਕੀ ਅਤੇ ਅਜ਼ਰਬਾਈਜਾਨ ਦੀਆਂ 23 ਯੂਨੀਵਰਸਿਟੀਆਂ ਨਾਲ ਆਪਣੇ ਸਾਰੇ ਸਮਝੌਤਿਆਂ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਏ। ਚਾਂਸਲਰ ਸਤਨਾਮ ਸਿੰਘ ਸੰਧੂ ਨੇ ਐਲਾਨ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਵਲੋਂ ਦੇਸ਼ ਹਿੱਤ ਨੂੰ ਸਭ ਤੋਂ ਉਪਰ ਰੱਖਦੇ ਹੋਇਆ ਇਹ ਫੈਸਲਾ ਲਿਆ ਗਿਆ ਏ । ਇਸ ਫੈਸਲੇ ਵਿੱਚ ਵਿਦਿਆਰਥੀ ਅਤੇ ਫੈਕਲਟੀ ਐਕਸਚੇਂਜ ਪ੍ਰੋਗਰਾਮਾਂ, ਸਾਂਝੇ ਖੋਜ ਪ੍ਰੋਜੈਕਟਾਂ, ਦੋਹਰੀ ਡਿਗਰੀ ਪ੍ਰੋਗਰਾਮ ਅਤੇ ਦੋਵਾਂ ਦੇਸ਼ਾਂ ਦੀਆਂ ਸੰਸਥਾਵਾਂ ਨਾਲ ਹਰ ਤਰ੍ਹਾਂ ਦੇ ਅਕਾਦਮਿਕ ਸਹਿਯੋਗ ਨੂੰ

ਤੁਰੰਤ ਪ੍ਰਭਾਵ ਨਾਲ ਰੱਦ ਕਰਨਾ ਸ਼ਾਮਲ ਏ ।ਯੂਨੀਵਰਸਿਟੀ ਦਾ ਇਹ ਫੈਸਲਾ ਭਾਰਤ ਪਾਕਿਸਤਾਨ ਵਿਚਕਾਰ ਤਣਾਅ ਵਧਣ ਤੋਂ ਬਾਅਦ ਤੁਰਕੀ ਅਤੇ ਅਜ਼ਰਬਾਈਜਾਨ ਵੱਲੋਂ ਦਹਿਸ਼ਤਗਰਦੀ ਦਾ ਸਮਰਥਨ ਕਰਨ ਵਾਲੇ ਪਾਕਿਸਤਾਨ ਦਾ ਸਾਥ ਦੇਣ ਦੇ ਜਵਾਬ ਵਜੋਂ ਲਿਆ ਗਿਆ ਏ ।

---------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਖੇਤਰੀ ਦਫ਼ਤਰ ਜਲੰਧਰ ਵੱਲੋਂ ਵਿਸ਼ਵ ਵਾਤਾਵਰਣ ਦਿਵਸ-2025 ਦੇ ਸਿਲਸਿਲੇ ਵਿਚ ਲਾਰੈਂਸ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਐਕਸੀਅਨ ਸੰਦੀਪ ਕੁਮਾਰ ਨੇ ਦੱਸਿਆ ਕਿ ਇਸ ਸਾਲ ਦਾ ਵਿਸ਼ਾ ਨੌਜਵਾਨ ਪੀੜ੍ਹੀ ਨੂੰ ਪਲਾਸਟਿਕ ਦੇ ਨੁਕਸਾਨਦੇਹ ਪ੍ਰਭਾਵਾਂ ਅਤੇ ਇਸਦੀ ਵਰਤੋਂ ਨੂੰ ਘਟਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕਰਨ 'ਤੇ ਕੇਂਦਰਿਤ ਏ । ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ-ਯੋਧੇ ਬਣਨ ਦੀ ਅਪੀਲ ਕਰਦਿਆਂ ਪਲਾਸਟਿਕ ਪ੍ਰਦੂਸ਼ਣ ਨੂੰ ਰੋਕਣ ਲਈ ਚੁੱਕੇ ਜਾ ਰਹੇ

ਉਪਰਾਲਿਆਂ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਹੋਰਨਾਂ ਅਧਿਕਾਰੀਆਂ ਨੇ ਇਕ ਵਾਰ ਵਰਤੋਂ 'ਚ ਆਉਣ ਵਾਲੇ ਪਲਾਸਟਿਕ ਨੂੰ ਨਾ ਵਰਤਣ ਅਤੇ ਕੱਪੜੇ ਦੇ ਥੈਲੇ ਦੀ ਵਰਤੋਂ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸਫਾਈ ਮੁਹਿੰਮ ਵਿੱਚ ਹਿੱਸਾ ਲੈਣ ਅਤੇ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕਰਨ ਲਈ ਉਤਸ਼ਾਹਿਤ ਕੀਤਾ।

---------------------------------------------------------------

- ਸਰਕਾਰ ਆਪ੍ਰੇਸ਼ਨ ਸਿੰਦੂਰ ਦੇ ਮੱਦੇਨਜ਼ਰ, ਪਾਕਿਸਤਾਨ ਦੀ ਹਿਮਾਇਤ ਵਾਲੀ ਦਹਿਸ਼ਤਗਰਦੀ ਖਿਲਾਫ ਭਾਰਤ ਦੇ ਰੁਖ਼ ਨੂੰ ਪੇਸ਼ ਕਰਨ ਲਈ, ਵੱਖ-ਵੱਖ ਦੇਸ਼ਾਂ ਵਿੱਚ ਬਹੁ-ਪਾਰਟੀ ਵਫ਼ਦ ਭੇਜ ਰਹੀ ਏ।
- ਹਰਿਆਣਾ ਪੁਲਿਸ ਨੇ ਹਿਸਾਰ ਦੀ ਇੱਕ ਯੂਟਿਊਬਰ ਜੋਤੀ ਰਾਣੀ ਨੂੰ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਵਿੱਚ ਕੀਤਾ ਗ੍ਰਿਫ਼ਤਾਰ ।
- ਪਟਿਆਲਾ ਤੋਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਅਤੇ ਪੰਜਾਬ BJP ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ

ਨੇ, ਪਟਿਆਲਾ ਖੇਤਰ ਵਿੱਚ ਮੁੱਖ ਸੜਕਾਂ ਦੇ ਨਵੀਨੀਕਰਨ ਅਤੇ ਰਾਜ-ਮਾਰਗ ਦਾ ਦਰਜਾ ਦੇਣ ਬਾਰੇ ਅੱਜ ਕੇਂਦਰੀ ਮੰਤਰੀ ਨਿਤਿਨ ਗਡਕਾਰੀ ਨਾਲ ਮੁਲਾਕਾਤ ਕੀਤੀ।

- ਅੱਜ ਦੁਨੀਆ ਭਰ ਵਿੱਚ ਵਿਸ਼ਵ ਹਾਈਪਰ-ਟੈਨਸ਼ਨ ਦਿਵਸ ਮਨਾਇਆ ਜਾ ਰਿਹਾ ਏ ।
- ਅੰਮ੍ਰਿਤਸਰ ਕਮਿਸ਼ਨਰਰੇਟ ਪੁਲਿਸ ਨੇ, ਦੋ ਵੱਖ-ਵੱਖ ਮਾਮਲਿਆਂ ਵਿੱਚ ਤਿੰਨ ਨਸ਼ਾ ਤਸਕਰਾਂ ਨੂੰ ਇਕ ਕਿਲੋਗ੍ਰਾਮ ਹੈਰੋਇਨ, 45 ਲੱਖ 19 ਹਜਾਰ ਰੁਪਏ ਦੀ ਡਰੱਗ ਮਨੀ, ਇੱਕ ਡਰੋਨ ਅਤੇ ਇੱਕ ਪੈਸੇ ਗਿਣਨ ਵਾਲੀ ਮਸ਼ੀਨ ਸਮੇਤ ਕਾਬੂ ਕੀਤਾ ਏ ।
- ਇੱਕ ਹਫ਼ਤੇ ਤੋਂ ਬਾਅਦ ਅੱਜ ਤੋਂ ਫਿਰ ਸ਼ੁਰੂ ਹੋਣ ਜਾ ਰਹੇ IPL ਕ੍ਰਿਕਟ ਵਿਚ ਅੱਜ ਰਾਇਲ ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**